# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :26-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਪੰਜਾਬ ਵਿੱਚ, ਸਥਾਨਕ ਚੋਣਾਂ - 2026 ਲਈ, 103 ਨਗਰ ਪਾਲਿਕਾਵਾਂ ਵਾਸਤੇ ਵੋਟਾਂ ਪਾਉਣ ਦਾ ਅਮਲ, ਅਮਨ-ਅਮਾਨ ਨਾਲ ਮੁਕੰਮਲ ਹੋਇਆ ।
- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਰਾਜਸਥਾਨ ਵਿੱਚ, ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਸਾਂਚੂ ਸਰਹੱਦੀ ਚੌਕੀ ਦਾ ਦੌਰਾ ਕੀਤਾ- ਸਰਹੱਦੀ ਰੱਖਿਆ ਲਈ, ਇੱਕ ਚਾਰ-ਪੱਧਰੀ ਗਰਿੱਡ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।
- ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਇੱਕ ਸਪਲਾਇਰ ਨੂੰ ਅਸਲੇ ਸਮੇਤ ਗ੍ਰਿਫਤਾਰ ਕੀਤਾ ।

- IPL ਕ੍ਰਿਕਟ 'ਚ ਅੱਜ, ਪਹਿਲੇ ਕੁਆਲੀਫਾਇਰ ਵਿੱਚ, ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ, ਗੁਜਰਾਤ ਟਾਈਟਨਸ ਨਾਲ ਹੋਵੇਗਾ ।

## ਹੁਣ ਖ਼ਬਰਾਂ ਵਿਸਥਾਰ ਨਾਲ

ਪੰਜਾਬ ਵਿਚ ਸਥਾਨਕ ਆਮ ਚੋਣਾਂ-2026 ਲਈ 103 ਨਗਰ ਪਾਲਿਕਾਵਾਂ ਵਾਸਤੇ ਵੋਟਿੰਗ, ਕੁਝ ਥਾਵਾਂ 'ਤੇ ਗੜਬੜੀਆਂ ਨੂੰ ਛੱਡ ਕੇ, ਅੱਜ ਸ਼ਾਂਤੀਪੂਰਵਕ ਸਮਾਪਤ ਹੋ ਗਈ। ਇਹ ਸਵੇਰੇ 8 ਵਜੇ ਸ਼ੁਰੂ ਹੋਕੇ ਸ਼ਾਮ 5 ਵਜੇ ਸਮਾਪਤ ਹੋਈ। ਕੁੱਲ 35 ਲੱਖ 45 ਹਜ਼ਾਰ ਤੋਂ ਵੱਧ ਵੋਟਰ 8 ਨਗਰ ਨਿਗਮਾਂ, 75 ਨਗਰ ਕੌਂਸਲਾਂ ਅਤੇ 20 ਨਗਰ ਪੰਚਾਇਤਾਂ ਵਿੱਚ ਆਪਣੇ ਨੁਮਾਇੰਦਿਆਂ  ਦੀ ਚੋਣ ਕਰਨ ਲਈ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੇ ਯੋਗ ਸਨ। ਸੂਬੇ ਭਰ ਦੇ ਕੁੱਲ 1,896 ਵਾਰਡਾਂ ਤੋਂ 7 ਹਜ਼ਾਰ 555 ਉਮੀਦਵਾਰ ਚੋਣ ਮੈਦਾਨ ਵਿੱਚ ਸਨ।

ਵੇਰਵੇ ਨਾਲ ਇਕ ਰਿਪੋਰਟ :

ਇਸ ਦੌਰਾਨ, ਰਾਜ ਚੋਣ ਕਮਿਸ਼ਨ ਨੇ ਐਮ.ਸੀ ਦੀਨਾਨਗਰ, ਐਮ.ਸੀ ਗੁਰਦਾਸਪੁਰ, ਐਮ.ਸੀ ਕਾਦੀਆਂ ਅਤੇ ਐਮ.ਸੀ ਸ਼ਾਮ ਚੌਰਾਸੀ ਦੇ ਮੈਂਬਰਾਂ ਦੀ ਚੋਣ ਲਈ ਤਰੀਕਾਂ ਦਾ ਐਲਾਨ ਕਰ ਦਿੱਤਾ ਏ । ਇਨ੍ਹਾਂ ਨਗਰ ਪਾਲਿਕਾਵਾਂ ਲਈ  ਚੋਣ ਪ੍ਰੋਗਰਾਮ ਅੱਜ ਦੀਆਂ ਚੋਣਾਂ ਵਿੱਚ ਸ਼ਾਮਲ ਨਹੀਂ ਸੀ। ਚੋਣ ਪ੍ਰੋਗਰਾਮ ਮੁਤਾਬਿਕ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਤਰੀਕ 30 ਮਈ ਤੋਂ ਸ਼ੁਰੂ ਹੋਵੇਗੀ ਅਤੇ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 3 ਜੂਨ ਹੋਵੇਗੀ। ਕਾਗਜ਼ਾਂ ਦੀ ਜਾਂਚ 4 ਜੂਨ ਨੂੰ

ਹੋਵੇਗੀ ਅਤੇ ਨਾਮਜ਼ਦਗੀਆਂ ਵਾਪਸ ਲੈਣ ਦੀ ਤਰੀਕ 5 ਜੂਨ ਏ। ਇਨ੍ਹਾਂ ਨਗਰ ਕੌਂਸਲਾਂ ਦੀਆਂ ਚੋਣਾਂ 13 ਜੂਨ ਨੂੰ ਹੋਣਗੀਆਂ ਅਤੇ ਵੋਟਾਂ ਦੀ ਗਿਣਤੀ ਵੋਟਾਂ ਪੂਰੀਆਂ ਹੋਣ ਤੋਂ ਤੁਰੰਤ ਬਾਅਦ ਉਸੇ ਦਿਨ ਹੋਵੇਗੀ। 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਨ੍ਹਾਂ ਨਗਰ ਨਿਗਮ ਚੋਣਾਂ ਨੂੰ ਇੱਕ ਮੁੱਖ ਰਾਜਨੀਤਿਕ ਸੂਚਕ ਵਜੋਂ ਦੇਖਿਆ ਜਾ ਰਿਹਾ ਏ। ਇੱਕ ਬਹੁ-ਕੋਣੀ ਮੁਕਾਬਲਾ ਏ ਕਿਉਂਕਿ ਸੱਤਾਧਾਰੀ ਆਮ ਆਦਮੀ ਪਾਰਟੀ , ਇੰਡੀਅਨ ਨੈਸ਼ਨਲ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਸਮੇਤ ਸਾਰੀਆਂ ਪ੍ਰਮੁੱਖ ਰਾਜਨੀਤਿਕ ਪਾਰਟੀਆਂ ਨੇ ਆਪਣੇ ਉਮੀਦਵਾਰ ਖੜ੍ਹੇ ਕੀਤੇ ਨੇ।

---------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ 'ਆਪ੍ਰੇਸ਼ਨ ਸਿੰਦੂਰ' ਦੌਰਾਨ ਸੀਮਾ ਸੁਰੱਖਿਆ ਬਲ-ਬਸਫ ਦੀ ਭੂਮਿਕਾ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਬਲ ਨੇ ਨਾ ਸਿਰਫ਼ ਸਰਹੱਦ ਦੀ ਮਜ਼ਬੂਤੀ ਨਾਲ ਰੱਖਿਆ ਕੀਤੀ ਬਲਕਿ ਸਰਹੱਦੀ ਜ਼ਿਲ੍ਹਿਆਂ ਦੇ ਲੋਕਾਂ ਦਾ ਮਨੋਬਲ ਵੀ ਵਧਾਇਆ। ਉਨ੍ਹਾਂ ਨੇ ਸਰਹੱਦ ਨੂੰ ਪੂਰੀ ਤਰ੍ਹਾਂ ਅਭੇਦ ਬਣਾਉਣ ਲਈ BSF, ਫੌਜ, ਪ੍ਰਸ਼ਾਸਨ ਅਤੇ ਨਾਗਰਿਕਾਂ ਨੂੰ ਸ਼ਾਮਲ ਕਰਦੇ ਹੋਏ ਇੱਕ ਚਾਰ-ਪੱਧਰੀ ਗਰਿੱਡ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਅਮਿਤ ਸ਼ਾਹ ਅੱਜ ਰਾਜਸਥਾਨ ਦੇ ਬੀਕਾਨੇਰ ਨੇੜੇ ਸਾਂਚੂ ਚੌਕੀ 'ਤੇ 'ਪ੍ਰਹਰੀ ਸੰਮੇਲਨ' ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਗਰਿੱਡ ਦੀ ਮਦਦ ਨਾਲ ਸਰਹੱਦ ਤੋਂ ਪੈਦਾ ਹੋਣ ਵਾਲੇ ਖਤਰਿਆਂ ਦਾ ਪੂਰੀ ਤਾਕਤ ਨਾਲ ਮੁਕਾਬਲਾ ਕੀਤਾ ਜਾ ਸਕਦਾ ਏ। ਅਮਿਤ ਸ਼ਾਹ ਨੇ ਸਰਹੱਦੀ ਸੁਰੱਖਿਆ ਵਿੱਚ ਸਰਹੱਦੀ ਪਿੰਡਾਂ ਅਤੇ ਉਨ੍ਹਾਂ ਦੇ ਵਸਨੀਕਾਂ ਦੀ ਭੂਮਿਕਾ 'ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ

ਇਨ੍ਹਾਂ ਪਿੰਡਾਂ ਵਿੱਚ ਭਲਾਈ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੇ ਅਧੀਨ ਦੇਸ਼ ਦੀ ਸੁਰੱਖਿਆ ਪ੍ਰਣਾਲੀ ਵਿੱਚ ਇੱਕ ਵੱਡਾ ਬਦਲਾਅ ਆਇਆ ਏ । ਹਥਿਆਰਬੰਦ ਅਤੇ ਅਰਧ ਸੈਨਿਕ ਬਲਾਂ ਦੇ ਆਧੁਨਿਕੀਕਰਨ ਦੇ ਨਾਲ-ਨਾਲ, ਦਹਿਸ਼ਤਗਰਦੀ ਖਿਲਾਫ ਸਖ਼ਤ ਰੁਖ਼ ਅਪਣਾਇਆ ਗਿਆ ਏ । ਇਸ ਤੋਂ ਪਹਿਲਾਂ, ਗ੍ਰਹਿ ਮੰਤਰੀ ਨੇ ਸਰਹੱਦੀ ਚੌਕੀਆਂ 'ਤੇ 14 ਨਵੇਂ ਬਣੇ ਮਹਿਲਾ ਬੈਰਕਾਂ ਦਾ ਵਰਚੁਅਲ ਮਾਧਿਅਮ ਨਾਲ ਉਦਘਾਟਨ ਕੀਤਾ।

-----------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਦੀ ਪ੍ਰਧਾਨਗੀ ਹੇਠ ਕਵਾਡ ਵਿਦੇਸ਼ ਮੰਤਰੀਆਂ ਦੀ ਮੀਟਿੰਗ ਨਵੀਂ ਦਿੱਲੀ ਵਿੱਚ ਹੋਈ। ਆਸਟ੍ਰੇਲੀਆ ਦੇ ਵਿਦੇਸ਼ ਮੰਤਰੀ ਪੈਨੀ ਵੋਂਗ, ਜਾਪਾਨ ਦੇ ਵਿਦੇਸ਼ ਮੰਤਰੀ ਤੋਸ਼ੀ-ਮਿਤਸੁ ਮੋਤੇਗੀ ਅਤੇ ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਮੀਟਿੰਗ ਵਿੱਚ ਹਿੱਸਾ ਲਿਆ। ਕਵਾਡ ਦੇਸ਼ ਹਿੰਦ-ਪ੍ਰਸ਼ਾਂਤ ਅਤੇ ਸਮੁੰਦਰੀ ਖੇਤਰ ਵਿੱਚ ਗਤੀਵਿਧੀਆਂ ਅਤੇ ਸਥਿਤੀਆਂ ਦੀ ਨਿਗਰਾਨੀ ਲਈ ਸਹਿਮਤ ਹੋਏ। ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਕਵਾਡ ਬੰਦਰਗਾਹ ਬੁਨਿਆਦੀ ਢਾਂਚੇ, ਫਿਜੀ ਵਿੱਚ ਇੱਕ ਆਜ਼ਮਾਇਸ਼ੀ ਬੰਦਰਗਾਹ ਪ੍ਰੋਜੈਕਟ ਅਤੇ ਸਮੁੰਦਰ ਦੇ ਹੇਠਾਂ

ਕੇਬਲਾਂ 'ਤੇ ਸਹਿਯੋਗ 'ਤੇ ਇੱਕ ਮਾਹਰ ਪੈਨਲ ਸਥਾਪਤ ਕਰਨ 'ਤੇ ਵਿਚਾਰ ਕਰੇਗਾ। ਉਨ੍ਹਾਂ ਕਿਹਾ ਕਿ ਮੀਟਿੰਗ ਦੇ ਮੁੱਖ ਨਤੀਜਿਆਂ ਵਿੱਚੋਂ ਇੱਕ ਕਵਾਡ ਕ੍ਰਿਟੀਕਲ ਮਿਨਰਲਜ਼ ਫਰੇਮਵਰਕ ਨੂੰ ਅੰਤਿਮ ਰੂਪ ਦੇਣਾ ਸੀ। ਕਵਾਡ ਦੇਸ਼ਾਂ ਨੇ ਭਾਰਤ-ਅਮਰੀਕਾ ਕ੍ਰਿਟੀਕਲ ਮਿਨਰਲਜ਼ ਫਰੇਮਵਰਕ 'ਤੇ ਵੀ ਦਸਤਖਤ ਕੀਤੇ। ਅੱਜ ਹਿੰਦ-ਪ੍ਰਸ਼ਾਂਤ ਊਰਜਾ ਸੁਰੱਖਿਆ, ਤਕਨਾਲੋਜੀ, ਪ੍ਰਬੰਧਨ, ਨੀਤੀ, ਅੰਤਰ-ਰਾਸ਼ਟਰੀ ਬਾਜ਼ਾਰ ਵਿਸ਼ਲੇਸ਼ਣ ਅਤੇ ਐਮਰਜੈਂਸੀ ਪ੍ਰਤੀਕਿਰਿਆ ਅਭਿਆਸਾਂ ਦੇ ਖੇਤਰਾਂ ਵਿੱਚ ਕਵਾਡ ਪਹਿਲਕਦਮੀਆਂ ਦਾ ਐਲਾਨ ਵੀ ਕੀਤਾ ਗਿਆ। ਕਵਾਡ ਵਿਦੇਸ਼ ਮੰਤਰੀਆਂ ਦੀ ਮੀਟਿੰਗ ਤੋਂ ਬਾਅਦ ਆਪਣੇ ਬਿਆਨ ਵਿੱਚ, ਡਾ. ਜੈਸ਼ੰਕਰ ਨੇ ਜ਼ੋਰ ਦੇ ਕੇ ਕਿਹਾ ਕਿ ਕਵਾਡ ਦੇਸ਼ਾਂ ਵਿੱਚ ਸਹਿਯੋਗ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਦੀ ਮੀਟਿੰਗ ਉਤਪਾਦਕ ਸੀ, ਮੁੱਖ ਤੌਰ 'ਤੇ ਹਿੰਦ-ਪ੍ਰਸ਼ਾਂਤ ਨਾਲ ਸਬੰਧਤ ਮੁੱਦਿਆਂ 'ਤੇ ਕੇਂਦ੍ਰਿਤ ਸੀ। ਉਨ੍ਹਾਂ ਕਿਹਾ ਕਿ ਵਿਦੇਸ਼ ਮੰਤਰੀਆਂ ਨੇ ਸੁਰੱਖਿਅਤ ਅਤੇ ਨਿਰਵਿਘਨ ਸਮੁੰਦਰੀ ਵਪਾਰ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਕਵਾਡ ਦੇਸ਼ ਖੁੱਲ੍ਹੇ ਸਮਾਜ ਹਨ ਜੋ ਖੁਸ਼ਹਾਲੀ ਲਈ ਵਿਕਾਸ ਦੀ ਪ੍ਰਾਪਤੀ ਵਿੱਚ ਨਵੀਨਤਾ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ, ਲੋਕਤੰਤਰੀ ਰਾਸ਼ਟਰਾਂ ਦੇ ਰੂਪ ਵਿੱਚ, ਉਨ੍ਹਾਂ ਨੇ ਦਹਿਸ਼ਤਗਰਦੀ ਦੇ ਸਾਂਝੇ ਖ਼ਤਰੇ ਦਾ ਮੁਕਾਬਲਾ ਕਰਨ 'ਤੇ ਵੀ ਧਿਆਨ ਕੇਂਦਰਿਤ ਕੀਤਾ ਹੈ।

------------------------------------------------------------

ਸਰਕਾਰ ਨੇ ਔਨਲਾਈਨ ਪ੍ਰਸਾਰਿਤ ਹੋ ਰਹੀ , ਭਾਰਤੀ ਰਿਜ਼ਰਵ ਬੈਂਕ ਵਲੋਂ ਜਾਰੀ ਕੀਤੀ ਗਈ ਇੱਕ ਈਮੇਲ ਦੇ ਦਾਅਵੇ ਦਾ ਖੰਡਨ ਕੀਤਾ ਏ। ਪੱਤਰ ਸੂਚਨਾ ਬਿਊਰੋ ਦੀ ਤੱਥਾਂ ਦੀ ਜਾਂਚ ਬਾਰੇ ਇਕਾਈ ਨੇ ਦਸਿਆ ਕਿ ਕਿ ਜਾਅਲੀ ਈਮੇਲ ਵਿੱਚ ਲੋਕਾਂ ਨੂੰ 'ਡੋਨੇਸ਼ਨ ਪ੍ਰੋਗਰਾਮ 2026' ਦੇ ਤਹਿਤ ਲਾਟਰੀ ਸਕੀਮ ਜਿੱਤਣ ਲਈ ਕ੍ਰੈਡਿਟ ਫੀਸ ਜਾਂ ਮੁਆਵਜ਼ਾ ਦੇਣ ਲਈ ਕਿਹਾ ਗਿਆ ਸੀ। ਜਾਂਚ ਇਕਾਈ ਨੇ ਕਿਹਾ ਕਿ ਈਮੇਲ ਜਾਅਲੀ ਏ ਅਤੇ ਲੋਕਾਂ ਨੂੰ ਡਿੱਗਣ ਦੀ ਕੋਸ਼ਿਸ਼ ਕੀਤੀ ਜਾ ਰਹੀ ਏ। ਇਕਾਈ ਨੇ ਸਪੱਸ਼ਟ ਕੀਤਾ ਕਿ ਭਾਰਤੀ ਰਿਜ਼ਰਵ ਬੈਂਕ ਨੇ ਨਾ ਤਾਂ ਅਜਿਹਾ ਕੋਈ ਈਮੇਲ ਜਾਰੀ ਕੀਤਾ ਏ ਅਤੇ ਨਾ ਹੀ ਇਹ ਲਾਟਰੀ ਜਾਂ ਕਿਸੇ ਹੋਰ ਸਕੀਮ ਲਈ ਕੋਈ 'ਡੋਨੇਸ਼ਨ ਪ੍ਰੋਗਰਾਮ ਚਲਾ ਰਿਹਾ ਏ।

------------------------------------------------------------

ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਨੇ ਇੱਕ ਹਥਿਆਰ ਸਪਲਾਇਰ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਏ ਅਤੇ ਉਸ ਦੇ ਕਬਜ਼ੇ ਵਿੱਚੋਂ ਪੰਜ ਪਿਸਤੌਲ ਨਾਲ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਫਿਰੋਜ਼ਪੁਰ ਦੇ ਪਿੰਡ ਖੇੜਾ ਕੇ ਉੱਤਰ ਵਾਸੀ

ਲਖਵਿੰਦਰ ਸਿੰਘ  ਵਜੋਂ ਹੋਈ ਏ । ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦਾ ਪੁਰਾਣਾ ਅਪਰਾਧਿਕ ਰਿਕਾਰਡ ਏ  ਅਤੇ ਉਹ ਇੱਕ ਮਹੀਨਾ ਹੀ ਪਹਿਲਾਂ ਜੇਲ੍ਹ ਤੋਂ ਰਿਹਾਅ ਹੋਇਆ ਸੀ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਬਰਾਮਦ ਕੀਤੇ ਗਏ ਹਥਿਆਰ ਕਥਿਤ ਤੌਰ 'ਤੇ ਸਰਹੱਦ ਪਾਰੋਂ  ਭਾਰਤ ਵਿੱਚ ਤਸਕਰੀ ਕੀਤੇ ਗਏ   ਅਤੇ ਇਨ੍ਹਾਂ ਹਥਿਆਰਾਂ ਨੂੰ ਨੈੱਟਵਰਕ ਰਾਹੀਂ ਅੱਗੇ ਭੇਜਣ ਦਾ ਇਰਾਦਾ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੀ  ਜਾਂਚ ਕੀਤੀ ਜਾ ਰਹੀ ਏ ਤਾਂ ਜੋ ਮਾਡਿਊਲ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ।

---------------------------------------------------------

ਸਾਊਦੀ ਅਰਬ ਵਿੱਚ ਸਾਲਾਨਾ ਹੱਜ ਯਾਤਰਾ ਦਾ ਸਭ ਤੋਂ ਪਵਿੱਤਰ ਅਤੇ ਮਹੱਤਵਪੂਰਨ ਦਿਨ ਅੱਜ  ਅਰਾਫਾਤ ਦਾ ਦਿਨ ਏ  । ਦੁਨੀਆ ਭਰ ਦੇ ਮੁਸਲਮਾਨ ਭਾਈਚਾਰੇ ਦੇ ਲੱਖਾਂ ਲੋਕ, ਜ਼ੁਲ-ਹਿੱਜਾਇ ਦੀ ਨੌਵੀਂ ਤਰੀਕ ਨੂੰ, ਹੱਜ ਦੀਆਂ ਮੁੱਖ ਰਸਮਾਂ ਕਰਨ ਲਈ  ਮੱਕਾ ਦੇ ਨੇੜੇ ਅਰਾ-ਫਾਤ ਦੇ ਮੈਦਾਨ ਵਿੱਚ ਇਕੱਠੇ ਹੋਏ ਨੇ । ਜਾਯਰੀਨ ਪੂਰਾ ਦਿਨ ਅਰਾਫਾਤ ਵਿੱਚ ਨਮਾਜ਼ ਅਤੇ ਪ੍ਰਾਰਥਨਾ ਕਰਦੇ ਹੋਏ ਬਿਤਾਇਆ  । ਜਾਯਰੀਨ ਨੇ ਨਿਮਰਾ ਮਸਜਿਦ ਵਿਖੇ 'ਖੁਤਬਾ-ਏ-ਹੱਜ', ਜਾਂ ਹੱਜ ਉਪਦੇਸ਼ ਸੁਣਨਗੇ ਅਤੇ ਸ਼ਾਮ ਨੂੰ ਮੁਜ਼-ਦਲੀਫਾ ਲਈ ਰਵਾਨਾ ਹੋਣ ਤੋਂ ਪਹਿਲਾਂ ਇਕੱਠੇ ਦੁਪਹਿਰ ਅਤੇ ਸ਼ਾਮ ਦੀ ਨਮਾਜ਼ ਅਦਾ ਕੀਤੀ । ਹੱਜ ਨੂੰ ਪੂਰਾ ਕਰਨ ਲਈ ਇਸ ਰਸਮ

ਨੂੰ ਲਾਜ਼ਮੀ ਮੰਨਿਆ ਜਾਂਦਾ ਏ। ਮੁਜ਼-ਦਲੀਫਾ ਤੋਂ, ਸ਼ਰਧਾਲੂ ਕੱਲ੍ਹ ਸਵੇਰੇ ਕੁਰਬਾਨੀ ਅਤੇ ਸ਼ੈਤਾਨ ਨੂੰ ਪੱਥਰ ਮਾਰਨ ਦੀ ਪ੍ਰਤੀਕਾਤਮਕ ਰਸਮ ਲਈ ਮੀਨਾ ਵਾਪਸ ਪਰਤਣਗੇ। ਇਸ ਸਾਲ ਦੇ ਹੱਜ ਵਿੱਚ ਇਕ ਲਖ 75, ਹਜ਼ਾਰ  ਤੋਂ ਵੱਧ ਭਾਰਤੀ ਸ਼ਰਧਾਲੂ ਹਿੱਸਾ ਲੈ ਰਹੇ ਹਨ। ਜੇਦਾਹ ਵਿੱਚ ਭਾਰਤੀ ਮਿਸ਼ਨ ਦੇ ਅਨੁਸਾਰ, ਸਾਰੇ ਭਾਰਤੀ ਸ਼ਰਧਾਲੂ ਬੱਸ ਅਤੇ ਰੇਲ ਸੇਵਾਵਾਂ ਰਾਹੀਂ ਸੁਰੱਖਿਅਤ ਢੰਗ ਨਾਲ ਅਰਾਫਾਤ ਪਹੁੰਚ ਗਏ ਹਨ। ਉਨ੍ਹਾਂ ਵਿੱਚੋਂ ਲਗਭਗ ਅੱਧੇ ਰੇਲਗੱਡੀ ਰਾਹੀਂ ਯਾਤਰਾ ਕਰਦੇ ਸਨ। ਭਾਰਤੀ ਹੱਜ ਮਿਸ਼ਨ ਰਿਹਾਇਸ਼, ਆਵਾਜਾਈ, ਡਾਕਟਰੀ ਸੇਵਾਵਾਂ ਅਤੇ ਹੋਰ ਸਹੂਲਤਾਂ ਦਾ ਤਾਲਮੇਲ ਬਣਾਉਣ ਲਈ ਸਾਊਦੀ ਅਧਿਕਾਰੀਆਂ ਨਾਲ ਕੰਮ ਕਰ ਰਿਹਾ ਏ। ਸਾਊਦੀ ਅਰਬ ਵਿੱਚ ਭਾਰਤ ਦੇ ਰਾਜਦੂਤ ਸੁਹੇਲ ਏਜਾਜ਼ ਖਾਨ ਨੇ ਕਿਹਾ ਕਿ ਅਰਾ-ਫਾਤ ਤੱਕ ਸ਼ਰਧਾਲੂਆਂ ਦੀ ਸੁਚਾਰੂ ਆਵਾਜਾਈ ਇਸ ਸਾਲ ਦੇ ਹੱਜ ਪ੍ਰਬੰਧਾਂ ਦੀ ਇੱਕ ਵੱਡੀ ਸਫਲਤਾ ਏ।

---------------------------------------------------------

ਸੁਰੱਖਿਅਤ  ਸਕੂਲ ਵਾਹਨ ਨੀਤੀ ਤਹਿਤ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਪਟਿਆਲਾ ਜ਼ਿਲ੍ਹੇ ਵਿੱਚ ਖ਼ਾਸ ਚੈਕਿੰਗ ਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਪਟਿਆਲਾ ਦੇ ਖੇਤਰੀ ਟਰਾਂਸਪੋਰਟ ਅਫਸਰ, ਡਾ. ਪੂਨਮ ਪ੍ਰੀਤ ਕੌਰ ਦੀ ਅਗਵਾਈ ਹੇਠ ਚਲਾਈ ਗਈ ਇਸ ਮੁਹਿੰਮ ਦੌਰਾਨ ਸਕੂਲ ਬੱਸਾਂ, ਵੈਨਾਂ ਅਤੇ

ਸਕੂਲੀ ਬੱਚਿਆਂ ਨੂੰ ਲਿਜਾਣ ਵਾਲੇ ਹੋਰ ਵਾਹਨਾਂ ਦੀ ਵਿਸਥਾਰ ਨਾਲ ਜਾਂਚ ਕੀਤੀ ਗਈ। ਡਾ. ਪੂਨਮ ਪ੍ਰੀਤ ਕੌਰ ਨੇ ਦੱਸਿਆ ਕਿ ਜਾਂਚ ਦੌਰਾਨ ਵਾਹਨਾਂ ਦੇ ਪਰਮਿਟ, ਫਿਟਨੈੱਸ ਸਰਟੀਫਿਕੇਟ, ਇੰਸ਼ੋਰੈਂਸ, , ਐਮਰਜੈਂਸੀ ਏਗਜ਼ਿਟ, ਅੱਗ ਬੁਝਾਊ ਯੰਤਰ, ਫਸਟ ਏਡ ਬਾਕਸ, ਸੀਸੀਟੀਵੀ ਕੈਮਰੇ ਅਤੇ ਬੈਠਕ ਸਮਰੱਥਾ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਦੀ ਜਾਂਚ ਕੀਤੀ ਗਈ। ਜਿਹੜੇ ਵਾਹਨ ਨਿਰਧਾਰਿਤ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਕਰਦੇ ਪਾਏ ਗਏ, ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਗਈ । ਉਲੰਘਣਾ ਕਰਨ ਵਾਲਿਆਂ ਦੇ ਚਲਾਨ ਮੌਕੇ ’ਤੇ ਹੀ ਕੱਟੇ ਗਏ ।

---------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵੱਲੋਂ ਬੀਤੇ ਦਿਨੀ ਪਿੰਡ ਜੱਸੀ ਪੌ ਵਾਲੀ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ । ਕੈਂਪ ਵਿੱਚ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣੂੰ ਕਰਵਾਇਆ ਗਿਆ । ਡਿਪਟੀ ਡਾਇਰੈਕਟਰ ਡਾ. ਗੁਰਦੀਪ ਸਿੰਘ ਸਿੱਧੂ ਨੇ ਕਿਸਾਨਾਂ ਨੂੰ ਝੋਨੇ ਅਤੇ ਨਰਮੇ ਦੀ ਫਸਲ ਵਿੱਚ ਜੀਵਾਣੂੰ ਖਾਦ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ । ਉਨ੍ਹਾਂ ਦੱਸਿਆ ਕਿ ਜੈਵਿਕ ਖਾਦਾਂ ਦੀ ਵਰਤੋਂ ਨਾਲ ਰਸਾਇਣਕ ਖਾਦਾਂ ਉੱਤੇ ਨਿਰਭਰਤਾ ਘਟਾਈ ਜਾ ਸਕਦੀ ਏ ਤੇ ਫਸਲ ਦੀ ਪੈਦਾਵਾਰ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਂਦਾ ਜਾ ਸਕਦਾ ਏ । ਸਹਾਇਕ

ਪ੍ਰੋਫੈਸਰ ਡਾ. ਰਮਨਦੀਪ ਕੌਰ ਨੇ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ, ਲੱਕੀ ਸੀਡ ਡ੍ਰਿੱਲ ਰਾਹੀਂ ਬਿਜਾਈ ਕਰਨ ਦੇ ਢੰਗ ਤੇ ਇਸ ਤਕਨੀਕ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ । ਕੈਂਪ ਦੌਰਾਨ ਕਿਸਾਨਾਂ ਨੇ ਖਾਦਾਂ ਦੀ ਵਰਤੋਂ ਤੇ ਝੋਨੇ ਦੀ ਸਿੱਧੀ ਬਿਜਾਈ ਨਾਲ ਸਬੰਧਿਤ ਆਪਣੇ ਸਵਾਲਾਂ ਦੇ ਜਵਾਬ ਪ੍ਰਾਪਤ ਕੀਤੇ ਤੇ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕੀਤਾ । ਇਸ ਮੌਕੇ ਕਿਸਾਨਾਂ ਨੂੰ ਜੀਵਾਣੂੰ ਖਾਦ ਵੀ ਮੁਹੱਈਆ ਕਰਵਾਈ ਗਈ ।

---------------------------------------------------------

ਪੰਜਾਬ, ਹਰਿਆਣਾ, ਚੰਡੀਗੜ੍ਹ, ਪੱਛਮੀ ਰਾਜਸਥਾਨ ਅਤੇ ਉੱਤਰ ਪ੍ਰਦੇਸ਼,ਦੇ ਕੁਝ ਹਿੱਸਿਆਂ ਵਿੱਚ ਲੂ ਦੀ ਸਥਿਤੀ ਜਾਰੀ ਏ। ਮੌਸਮ ਵਿਭਾਗ ਮੁਤਾਬਕ ਹਿਮਾਚਲ ਪ੍ਰਦੇਸ਼, ਉੱਤਰਾਖੰਡ, ਜੰਮੂ ਕਸ਼ਮੀਰ, ਲੱਦਾਖ, ਛੱਤੀਸਗੜ੍ਹ, ਤੱਟਵਰਤੀ ਆਂਧਰਾ ਪ੍ਰਦੇਸ਼, ਪੂਰਬੀ ਰਾਜਸਥਾਨ, ਸਮੇਤ ਦੇਸ਼ ਦੇ ਕਈ ਸੂਬਿਆਂ 'ਚ ਵੀ ਅਜਿਹੇ ਹਾਲਾਤ ਰਹਿਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ ਅੱਜ ਦਿੱਲੀ ਵਿੱਚ, ਲੂ ਦੀ ਸਥਿਤੀ ਬਾਰੇ 'ਯੈਲੋ ਅਲਰਟ' ਜਾਰੀ ਕੀਤਾ ਏ। ਰਾਸ਼ਟਰੀ ਰਾਜਧਾਨੀ ਵਿੱਚ ਅਜਿਹੀ ਸਥਿਤੀ ਕੱਲ੍ਹ ਤੱਕ ਜਾਰੀ ਰਹਿਣ ਦੀ ਸੰਭਾਵਨਾ ਜਤਾਈ ਗਈ ਏ। ਵੱਧ ਤੋਂ ਵੱਧ ਤਾਪਮਾਨ 44 ਤੋਂ 46 ਡਿਗਰੀ ਸੈਲਸੀਅਸ ਦੇ ਵਿਚਕਾਰ ਰਹਿ ਸਕਦਾ ਏ। ਮੌਸਮ ਵਿਭਾਗ ਮੁਤਾਬਿਕ ਅੱਜ ਪੰਜਾਬ ਦਾ ਬਠਿੰਡਾ ਵੱਧ ਤੋਂ ਵੱਧ ਤਾਪਮਾਨ 45.8 ਡਿਗਰੀ ਸੈਲਸੀਅਸ ਨਾਲ ਅਤੇ ਹਰਿਆਣਾ ਦਾ

ਸਿਰਸਾ 46 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭਤੋਂ ਗਰਮ ਸ਼ਹਿਰ ਰਿਹਾ |

---------------------------------------------------------

IPL ਕ੍ਰਿਕਟ ਵਿੱਚ ਅੱਜ, ਪਹਿਲੇ ਕੁਆਲੀਫਾਇਰ ਵਿੱਚ, ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਗੁਜਰਾਤ ਟਾਈਟਨਸ ਨਾਲ ਹੋਵੇਗਾ। ਇਹ ਮੈਚ ਧਰਮਸ਼ਾਲਾ ਵਿੱਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ। ਇਸ ਮੈਚ ਦੀ ਜੇਤੂ ਟੀਮ ਸਿੱਧੇ IPL- 2026 ਦੇ ਫਾਈਨਲ ਵਿੱਚ ਪਹੁੰਚ ਜਾਵੇਗੀ, ਜਦੋਂ ਕਿ ਹਾਰਨ ਵਾਲੀ ਟੀਮ ਨੂੰ ਦੂਜੇ ਕੁਆਲੀਫਾਇਰ ਵਿੱਚ ਇੱਕ ਹੋਰ ਮੌਕਾ ਮਿਲੇਗਾ। ਕੱਲ੍ਹ, ਮੋਹਾਲੀ ਵਿੱਚ ਐਲੀਮੀ-ਨੇਟਰ ਮੁਕਾਬਲੇ ਵਿੱਚ, ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ। ਹਾਰਨ ਵਾਲੀ ਟੀਮ ਟੂਰਨਾਮੈਂਟ ਤੋਂ ਬਾਹਰ ਹੋ ਜਾਵੇਗੀ, ਜਦੋਂ ਕਿ ਜੇਤੂ ਟੀਮ ਦੂਜੇ ਕੁਆਲੀਫਾਇਰ ਵਿੱਚ ਪਹੁੰਚ ਜਾਵੇਗੀ। ਪੰਜਾਬ ਕਿੰਗਜ਼ 'ਤੇ ਆਪਣੀ ਜਿੱਤ ਤੋਂ ਬਾਅਦ, ਰਾਇਲ ਚੈਲੇਂਜਰਜ਼ ਬੰਗਲੁਰੂ ਪਲੇਆਫ ਲਈ ਕੁਆਲੀਫਾਈ ਕਰਨ ਵਾਲੀ ਪਹਿਲੀ ਟੀਮ ਬਣ ਗਈ। ਟੀਮ ਨੇ 14 ਮੈਚਾਂ ਵਿੱਚੋਂ 18 ਅੰਕ ਇਕੱਠੇ ਕਰਕੇ ਬਿਹਤਰ ਨੈੱਟ ਰਨ ਰੇਟ ਦੇ ਆਧਾਰ 'ਤੇ ਸਿਖਰਲਾ ਸਥਾਨ ਹਾਸਲ ਕੀਤਾ। ਗੁਜਰਾਤ ਟਾਈਟਨਸ ਅਤੇ ਸਨਰਾਈਜ਼ਰਜ਼

ਹੈਦਰਾਬਾਦ ਦੇ ਵੀ 18 ਅੰਕ ਹਨ, ਜਦੋਂ ਕਿ ਰਾਜਸਥਾਨ ਰਾਇਲਜ਼ 16 ਅੰਕਾਂ ਨਾਲ ਪਲੇਆਫ ਵਿੱਚ ਚੌਥੇ ਅਤੇ ਆਖਰੀ ਸਥਾਨ 'ਤੇ ਰਹੀ।

---------------------------------------------------

- ਪੰਜਾਬ ਵਿੱਚ, ਸਥਾਨਕ ਚੋਣਾਂ - 2026 ਲਈ, 103 ਨਗਰ ਪਾਲਿਕਾਵਾਂ ਵਾਸਤੇ ਵੋਟਾਂ ਪਾਉਣ ਦਾ ਅਮਲ, ਅਮਨ-ਅਮਾਨ ਨਾਲ ਮੁਕੰਮਲ ਹੋਇਆ ।
- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਰਾਜਸਥਾਨ ਵਿੱਚ, ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਸਾਂਚੂ ਸਰਹੱਦੀ ਚੌਕੀ ਦਾ ਦੌਰਾ ਕੀਤਾ- ਸਰਹੱਦੀ ਰੱਖਿਆ ਲਈ, ਇੱਕ ਚਾਰ-ਪੱਧਰੀ ਗਰਿੱਡ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।
- ਫਿਰੋਜ਼ਪੁਰ ਕਾਊਂਟਰ ਇੰਟੈਲੀਜੈਂਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਇੱਕ ਸਪਲਾਇਰ ਨੂੰ ਅਸਲੇ ਸਮੇਤ ਗ੍ਰਿਫਤਾਰ ਕੀਤਾ।
- IPL ਕ੍ਰਿਕਟ 'ਚ ਅੱਜ, ਪਹਿਲੇ ਕੁਆਲੀਫਾਇਰ ਵਿੱਚ, ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ, ਗੁਜਰਾਤ ਟਾਈਟਨਸ ਨਾਲ ਹੋਵੇਗਾ।

---------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**